ਜਗ ਬਾਣੀ

ਚੰਡੀਗੜ੍ਹ, ਸੋਮਵਾਰ MONDAY 22 ਮਈ 2017

# ਮਹਾਰਾਣੀ ਸਤਿੰਦਰ ਕੌਰ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ

ਸ੍ਰੀ ਚਮਕੌਰ ਸਾਹਿਬ, 21 ਮਈ (ਕੌਸ਼ਲ)- ਮਹਾਰਾਣੀ ਸਤਿੰਦਰ ਕੌਰ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਬੇਲਾ ਦਾ ਨਤੀਜਾ ਸ਼ਾਨਦਾਰ ਰਿਹਾ। ਸਾਇੰਸ ਗਰੁੱਪ ਦੇ ਸਾਰੇ ਵਿਦਿਆਰਥੀਆਂ ਨੇ ਪਹਿਲੀ ਪੁਜ਼ੀਸ਼ਨ ਹਾਸਿਲ ਕੀਤੀ। ਵਾਈਸ ਪ੍ਰਿੰਸੀਪਲ ਰਜਿੰਦਰ ਕੌਰ ਨੇ ਦੱਸਿਆ ਕਿ ਸਿਮਰਨਜੀਤ ਕੌਰ ਨੇ 80 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਦੀਕਸ਼ਾ ਨੇ 72 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਤੇ ਗੁਰਿੰਦਰ ਸਿੰਘ ਨੇ 71.3 ਫੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ।

ਆਰਟਸ ਗਰੁੱਪ ਦੇ ਲਵਪ੍ਰੀਤ ਸਿੰਘ ਨੇ 73 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲਾ, ਦਲਜੀਤ ਕੌਰ ਨੇ 72.4 ਫੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਤੇ ਹਰਸਿਮਰਨਜੀਤ ਕੌਰ ਨੇ 71.3 ਫੀਸਦੀ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਸਾਇੰਸ ਤੇ ਆਰਟਸ ਗਰੁੱਪ ਦੇ ਵਿਦਿਆਰਥੀ ਵੀ ਪਹਿਲੀਆਂ ਪੁਜ਼ੀਸ਼ਨਾਂ 'ਚ ਪਾਸ ਹੋਏ।



ਸਾਇੰਸ ਗਰੁੱਪ ਦੇ ਵਿਦਿਆਰਥੀ ਸਿਮਰਨਜੀਤ ਕੌਰ, ਦੀਕਸ਼ਾ, ਗੁਰਿੰਦਰ ਕੌਰ ਤੇ ਆਰਟਸ ਗਰੁੱਪ ਦੇ ਵਿਦਿਆਰਥੀ ਲਵਪ੍ਰੀਤ ਸਿੰਘ, ਦਲਜੀਤ ਕੌਰ ਤੇ ਹਰਸਿਮਰਨਜੀਤ ਕੌਰ। (ਕੌਸ਼ਲ)

ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਵਿੰਦਰ ਸਿੰਘ ਸੈਣੀ, ਸੈਕਟਰੀ ਦਵਿੰਦਰ ਸਿੰਘ ਜਟਾਣਾ ਤੇ ਸਕੂਲ ਮੁਖੀ ਬਲਵਿੰਦਰ ਕੌਰ ਨੇ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ। ਇਸ ਮੌਕੇ ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।